# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :29-08-2026**

ਭਾਰਤ ਦੇ ਸਭ ਤੋਂ ਮਹਾਨ ਖਿਡਾਰੀਆਂ ਚੋਂ ਇਕ ਮੇਜਰ ਧਿਆਨ ਚੰਦ ਦੇ ਜਨਮ ਦਿਨ ਦੀ ਯਾਦ ਵਿੱਚ ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਖੇਡ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਭਾਰਤ ਦੀ ਅਮੀਰ ਖੇਡ ਵਿਰਾਸਤ ਦਾ ਜਸ਼ਨ ਮਨਾਉਂਦਾ ਏ ਅਤੇ ਲੋਕਾਂ ਨੂੰ ਖੇਡਾਂ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਨਿਯਮਤ ਹਿੱਸਾ ਬਣਾਉਣ ਲਈ ਉਤਸ਼ਾਹਿਤ ਕਰਦਾ ਏ ।

---------------------------------------------------------

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਾਸ਼ਟਰੀ ਖੇਡ ਦਿਵਸ 'ਤੇ ਦੇਸ਼ ਨੂੰ ਵਧਾਈਆਂ ਦਿੱਤੀਆ ਏ। ਭਾਰਤੀ ਹਾਕੀ ਦੇ ਮਹਾਨ ਖਿਡਾਰੀ ਮੇਜਰ ਧਿਆਨ ਚੰਦ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ, ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਦ੍ਰਿੜਤਾ, ਅਨੁਸ਼ਾਸਨ ਅਤੇ ਉੱਤਮਤਾ ਦੀ ਭਾਵਨਾ ਭਾਰਤ ਦੇ ਖੇਡ ਸੱਭਿਆਚਾਰ ਦੀ ਬੁਨਿਆਦ ਨੇ । ਉਨ੍ਹਾਂ ਕਿਹਾ ਕਿ ਦੇਸ਼ ਦੀ ਵਧਦੀ ਖੇਡ ਪ੍ਰਣਾਲੀ ਹਰ ਪੱਧਰ 'ਤੇ ਪ੍ਰਤਿਭਾ ਨੂੰ ਪਾਲਣ-ਪੋਸ਼ਣ ਪ੍ਰਤੀ ਆਪਣੀ

ਵਚਨਬੱਧਤਾ ਨੂੰ ਦਰਸਾਉਂਦੀ ਨੇ । ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਭਾਰਤੀ ਖਿਡਾਰੀ ਵਿਸ਼ਵ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਦੇਸ਼ ਦਾ ਮਾਣ ਲਗਾਤਾਰ ਵਧਾ ਰਹੇ ਹਨ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਸ਼ਟਰੀ ਖੇਡ ਦਿਵਸ ਦੇ ਮੌਕੇ 'ਤੇ ਭਾਰਤੀ ਹਾਕੀ ਦੇ ਮਹਾਨ ਖਿਡਾਰੀ ਮੇਜਰ ਧਿਆਨ ਚੰਦ ਨੂੰ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤੀ ਹਾਕੀ ਦੇ ਮਹਾਨ ਪ੍ਰਤਿਭਾਵਾਂ ਵਿੱਚੋਂ ਇੱਕ ਦੇ ਰੂਪ ਵਿੱਚ, ਮੇਜਰ ਧਿਆਨ ਚੰਦ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੇ ਰਹਿਣ ਗੇ । ਸਾਰੇ ਖੇਡ ਪ੍ਰੇਮੀਆਂ ਨੂੰ ਰਾਸ਼ਟਰੀ ਖੇਡ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦਾ ਸਮਰਪਣ, ਜਨੂੰਨ ਅਤੇ ਦ੍ਰਿੜ ਇਰਾਦਾ ਦੇਸ਼ ਨੂੰ ਮਾਣ ਦਿਵਾਉਂਦਾ ਏ । ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰੀ, ਡਾ. ਮਨਸੁਖ ਮੰਡਾਵੀਆ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਖੇਡ ਦਿਵਸ ਦੇ ਮੌਕੇ 'ਤੇ ਭਾਰਤੀ ਹਾਕੀ ਦੇ ਮਹਾਨ ਖਿਡਾਰੀ ਮੇਜਰ ਧਿਆਨ ਚੰਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਮੀਡੀਆ ਨਾਲ ਗੱਲ ਕਰਦੇ ਹੋਏ, ਡਾ. ਮਾਂਡਵੀਆ ਨੇ ਕਿਹਾ ਕਿ ਰਾਸ਼ਟਰੀ ਖੇਡ ਦਿਵਸ ਹਰ ਸਾਲ ਮੇਜਰ ਧਿਆਨ ਚੰਦ ਦੇ ਜਨਮ ਦਿਨ ਦੀ ਯਾਦ ਵਿੱਚ ਮਨਾਇਆ ਜਾਂਦਾ ਏ । ਉਨ੍ਹਾਂ ਕਿਹਾ ਕਿ ਫਿੱਟ ਇੰਡੀਆ ਅੰਦੋਲਨ ਨੂੰ ਅੱਗੇ ਵਧਾਉਣ ਲਈ ਦੇਸ਼ ਭਰ ਵਿੱਚ "ਏਕ ਘੰਟਾ ਖੇਲ ਕੇ ਮੈਦਾਨ ਮੇਂ" ਪ੍ਰੋਗਰਾਮ ਚੱਲ ਰਹੇ ਹਨ।

ਸ੍ਰੀ ਮਾਂਡਵੀਆ ਨੇ ਸਾਰਿਆਂ ਨੂੰ ਹਰ ਹਫ਼ਤੇ ਘੱਟੋ-ਘੱਟ ਇੱਕ ਘੰਟਾ ਖੇਡ ਦੇ ਮੈਦਾਨ ਵਿੱਚ ਬਿਤਾਉਣ ਅਤੇ ਆਪਣੇ ਆਪ ਨੂੰ ਸਿਹਤਮੰਦ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇੱਕ ਖੁਸ਼ਹਾਲ ਰਾਸ਼ਟਰ ਦੇ ਨਿਰਮਾਣ ਲਈ ਸਿਹਤਮੰਦ ਨੌਜਵਾਨ ਅਤੇ ਇੱਕ ਸਿਹਤਮੰਦ ਸਮਾਜ ਜ਼ਰੂਰੀ ਏ ।

--------------------------------------------------------

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ 'ਮਿਸ਼ਨ ਕਲੀਨ ਪੰਜਾਬ' ਦੇ ਦੂਜੇ ਗੇੜ ਤਹਿਤ 10 ਦਿਨਾਂ ਸੂਬਾ ਪੱਧਰੀ ਕੂੜਾ ਸਫ਼ਾਈ ਮੁਹਿੰਮ ਦੀ ਅੱਜ ਪਟਿਆਲਾ ਵਿਖੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅਗਵਾਈ ਕੀਤੀ। ਇਸ ਮੌਕੇ ਉਨ੍ਹਾਂ ਨੇ ਪਟਿਆਲਾ ਅਤੇ ਪੰਜਾਬ ਵਾਸੀਆਂ ਨੂੰ ਸਫ਼ਾਈ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣ ਅਤੇ ਸੂਬੇ ਨੂੰ ਸਾਫ਼-ਸੁਥਰਾ ਰੱਖਣ ਲਈ ਸਰਗਰਮ ਸਹਿਯੋਗ ਦੇਣ ਦਾ ਸੱਦਾ ਦਿੱਤਾ। ਸਿਹਤ ਮੰਤਰੀ ਨੇ ਅੱਜ ਸਵੇਰੇ ਥਾਪਰ ਇੰਸਟੀਚਿਊਟ ਤੋਂ ਜੇਲ੍ਹ ਰੋਡ 'ਤੇ ਖੁਦ ਝਾੜੂ ਲਗਾ ਕੇ ਸਫ਼ਾਈ ਕੀਤੀ ਅਤੇ ਪਟਿਆਲਾ ਵਿੱਚ 'ਮਿਸ਼ਨ ਕਲੀਨ ਪੰਜਾਬ' ਦੇ ਦੂਜੇ ਗੇੜ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਉੱਚ ਅਧਿਕਾਰੀ, ਸ਼ਹਿਰ ਵਾਸੀ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਵੀ ਮੌਜੂਦ ਸਨ। ਡਾ. ਬਲਬੀਰ ਸਿੰਘ ਨੇ 'ਮਿਸ਼ਨ ਕਲੀਨ ਪੰਜਾਬ' ਨੂੰ ਸਾਫ਼-ਸੁਥਰੇ ਪੰਜਾਬ ਵੱਲ ਇੱਕ ਹੋਰ ਅਹਿਮ ਕਦਮ ਕਰਾਰ ਦਿੰਦਿਆਂ ਕਿਹਾ

ਕਿ ਪੰਜਾਬ ਨੂੰ ਸਾਫ਼ ਅਤੇ ਸੁੰਦਰ ਬਣਾਉਣਾ ਸਿਰਫ਼ ਸਰਕਾਰ ਜਾਂ ਸਫ਼ਾਈ ਕਰਮਚਾਰੀਆਂ ਦੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਏ । ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸ਼ਹਿਰਾਂ ਅਤੇ ਪਿੰਡਾਂ ਨੂੰ ਸਾਫ਼-ਸੁਥਰਾ ਰੱਖਣ ਲਈ ਪੰਜਾਬ ਸਰਕਾਰ ਦਾ ਸਹਿਯੋਗ ਕਰਨ ਅਤੇ ਆਪਣੇ ਘਰਾਂ ਵਿੱਚ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖਰਾ ਕਰਕੇ ਹੀ ਕੂੜਾ ਇਕੱਠਾ ਕਰਨ ਵਾਲਿਆਂ ਨੂੰ ਦੇਣ।

------------------------------------------------------------

ਇਸੇ ਲੜੀ ਤਹਿਤ ਅੱਜ ਬਟਾਲਾ ਵਿਚ ਨਗਰ ਨਿਗਮ ਪ੍ਰਸ਼ਾਸ਼ਨ ਵੱਲੋਂ ਵਿਸ਼ੇਸ ਸਫਾਈ ਅਭਿਆਨ ਚਲਾਇਆ ਗਿਆ । ਨਗਰ ਨਿਗਮ ਦੇ ਮੇਅਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਅਜਿਹੀਆਂ ਥਾਵਾਂ 'ਤੇ ਸਫਾਈ ਕੀਤੀ ਗਈ, ਜਿੱਥੇ ਅਣ-ਅਧਿਕਾਰਿਤ ਤੌਰ ਤੇ ਕੂੜਾ ਕਰਕਟ ਸੁੱਟਿਆ ਹੋਇਆ ਸੀ । ਨਗਰ ਕੌਂਸਲ ਫਰੀਦਕੋਟ ਦੇ ਸਾਰੇ ਕਰਮਚਾਰੀ ਇਸ ਵਿਸੇਸ ਸਫਾਈ ਅਭਿਆਨ ਵਿਚ ਹਿੱਸਾ ਲੈ ਕੇ ਸਹਿਰ ਦੇ ਵੱਖ ਵੱਖ ਹਿੱਸਿਆ ਦੀ ਸਫਾਈ ਕਰ ਰਹੇ ਨੇ । ਉਹਨਾਂ ਨਾਲ ਹੀ ਸ਼ਹਿਰ ਵਾਸੀਆ ਨੂੰ ਅਪੀਲ ਕੀਤੀ ਕਿ ਸ਼ਹਿਰ ਵਾਸੀ ਕੂੜਾ ਕਰਕਟ ਨਿਰਧਾਰਤ ਕੂੜਾ ਡੰਪਾ ਤੇ ਹੀ ਸੁੱਟਣ ਇਧਰ ਉਧਰ ਨਾਂ ਸੁੱਟਣ ਅਤੇ ਪਲਾਸਟਿਕ ਲਿਫਾਫੇ ਦੀ ਵਰਤੋਂ ਨਾ ਕਰਨ । ਸੈਨੇਟਰੀ ਇੰਸਪੈਕਟਰ ਵਿਕਾਸ ਸ਼ਰਮਾ ਨੇ ਦਸਿਆ BYTE:RNU290826

ਓਧਰ ਖਰੜ ਨਗਰ ਕੌਂਸਲ ਦੇ ਈ.ਓ ਅਸ਼ੋਕ ਪਥਰੀਆ ਦੀ ਅਗਵਾਈ ਵਿੱਚ ਸ਼ਿਵਾਲਿਕ ਸਿਟੀ ਦੇ ਸਾਹਮਣੇ ਸਫ਼ਾਈ ਸੇਵਕਾਂ ਵਲੋ ਸਫਾਈ ਅਭਿਆਨ ਤਹਿਤ  ਨਾਲਿਆਂ ਦੀ ਪੂਰੀ ਤਰ੍ਹਾਂ ਸਫ਼ਾਈ ਸ਼ੁਰੂ ਕੀਤੀ ਗਈ।

---------------------------------------------------------------------

ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਕੁਸ਼ਟ ਰੋਗ ਬਾਰੇ ਵਿਸ਼ੇਸ਼ ਨਿਗਰਾਨ ਡਾ. ਪ੍ਰਦੀਪਤਾ ਕੁਮਾਰ ਨਾਇਕ ਨੇ ਕੱਲ ਪਟਿਆਲਾ ਜ਼ਿਲ੍ਹੇ ਦਾ ਦੌਰਾ ਕਰਕੇ ਕੁਸ਼ਟ ਰੋਗੀਆਂ, ਇਸ ਰੋਗ ਕਰਕੇ ਦਿਵਿਆਂਗ ਹੋਏ ਵਿਅਕਤੀਆਂ ਅਤੇ ਮਾਨਸਿਕ ਸਿਹਤ ਤੋਂ ਪ੍ਰਭਾਵਿਤ ਰੋਗੀਆਂ ਦੀ ਭਲਾਈ ਤੇ ਇਨ੍ਹਾਂ ਨਾਲ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ ਅਤੇ ਵੱਖ-ਵੱਖ ਸਰਕਾਰੀ ਯੋਜਨਾਵਾਂ ਦਾ ਜਾਇਜ਼ਾ ਲਿਆ । ਡਾ. ਨਾਇਕ ਨੇ ਪਟਿਆਲਾ ਅਤੇ ਰਾਜਪੁਰਾ ਸਥਿਤ ਕੁਸ਼ਟ ਕਲੋਨੀਆਂ ਵਿਖੇ ਰਹਿ ਰਹੇ ਪ੍ਰਭਾਵਿਤ ਵਿਅਕਤੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ, ਲੋੜਾਂ ਅਤੇ ਉਨ੍ਹਾਂ ਨੂੰ ਮਿਲ ਰਹੀਆਂ ਸਰਕਾਰੀ ਸੇਵਾਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕੁਸ਼ਟ ਰੋਗ ਤੋਂ ਪ੍ਰਭਾਵਿਤ ਵਿਅਕਤੀਆਂ ਅਤੇ ਮਾਨਸਿਕ ਸਿਹਤ ਸਮੱਸਿਆਵਾਂ ਨਾਲ ਜੂਝ ਰਹੇ ਵਿਅਕਤੀਆਂ ਨੂੰ ਸਰਕਾਰੀ ਸੇਵਾਵਾਂ ਅਤੇ ਭਲਾਈ ਯੋਜਨਾਵਾਂ ਦਾ ਲਾਭ ਦੇਣ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਨਾ ਵਰਤੀ ਜਾਵੇ । ਉਨ੍ਹਾਂ ਕਿਹਾ ਕਿ ਅਜਿਹੇ ਵਿਅਕਤੀਆਂ ਨੂੰ ਸਨਮਾਨ ਨਾਲ

ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕਰਨ ਲਈ ਯਤਨ ਕੀਤੇ ਜਾਣ। ਡਾ. ਨਾਇਕ ਨੇ ਜ਼ਿਲ੍ਹਾ ਅਧਿਕਾਰੀਆਂ ਨਾਲ ਸਰਕਟ ਹਾਊਸ ਵਿਖੇ ਸਮੀਖਿਆ ਮੀਟਿੰਗ ਕੀਤੀ ।

-----------------------------------------------------

ਭਾਰਤੀ ਬਾਰ ਕੌਂਸਲ ਵੱਲੋਂ ਪੰਜਾਬ ਦੇ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਨੂੰ ਪੰਜਾਬ ਅਤੇ ਹਰਿਆਣਾ ਬਾਰ ਕੌਂਸਲ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਏ । ਸ੍ਰੀ ਬੇਦੀ, ਜੋ ਕਿ ਮੌਜੂਦਾ ਸਮੇਂ ਪੰਜਾਬ ਰਾਜ ਦੇ ਐਡਵੋਕੇਟ ਜਨਰਲ ਵਜੋਂ ਸੇਵਾ ਨਿਭਾ ਰਹੇ ਹਨ, ਬਾਰ ਵਿੱਚ ਵਿਸ਼ਾਲ ਤਜ਼ਰਬੇ ਵਾਲੇ ਇੱਕ ਪ੍ਰਮੁੱਖ ਕਾਨੂੰਨੀ ਮਾਹਿਰ ਨੇ । ਸ੍ਰੀ ਬੇਦੀ ਨੇ ਉਨ੍ਹਾਂ 'ਤੇ ਭਰੋਸਾ ਪ੍ਰਗਟਾਉਣ ਲਈ ਵਕੀਲ ਭਾਈਚਾਰੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਵਕੀਲਾਂ ਦੀ ਭਲਾਈ ਲਈ ਕੰਮ ਕਰਨ, ਪੇਸ਼ੇਵਰ ਕਦਰਾਂ-ਕੀਮਤਾਂ ਦੇ ਉੱਚ ਮਾਪਦੰਡਾਂ ਨੂੰ ਯਕੀਨੀ ਬਣਾਉਣ ਅਤੇ ਕਾਨੂੰਨੀ ਸਿੱਖਿਆ ਤੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨ ਲਈ ਲਗਾਤਾਰ ਯਤਨਸ਼ੀਲ ਰਹਿਣਗੇ।

-----------------------------------------------------

ਉੱਤਰੀ ਰੇਲਵੇ ਦੇ ਫ਼ਿਰੋਜ਼ਪੁਰ ਡਿਵੀਜ਼ਨ ਨੇ ਕੱਲ 30 ਅਗਸਤ ਨੂੰ ਰਾਧਾ ਸਵਾਮੀ ਸਤਿਸੰਗ ਦਿਵਸ ਦੇ ਮੌਕੇ 'ਤੇ ਬਿਆਸ ਤੋਂ ਫ਼ਿਰੋਜ਼ਪੁਰ ਛਾਉਣੀ ਤੱਕ ਇੱਕ ਵਿਸ਼ੇਸ਼ ਗੈਰ-ਰਾਖਵੀਂ ਇੱਕ-ਪਾਸੜ ਰੇਲਗੱਡੀ ਚਲਾਉਣ ਦਾ

ਫੈਸਲਾ ਕੀਤਾ ਏ । ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਬਸੰਤ ਕੁਮਾਰ ਇਹ ਰੇਲਗੱਡੀ ਬਿਆਸ ਤੋਂ ਦੁਪਹਿਰ 12 ਵੱਜਕੇ 40 ਮਿੰਟ 'ਤੇ ਰਵਾਨਾ ਹੋਵੇਗੀ ਅਤੇ ਸ਼ਾਮ 5 ਵੱਜਕੇ 25 ਮਿੰਟ 'ਤੇ ਫ਼ਿਰੋਜ਼ਪੁਰ ਛਾਉਣੀ ਪਹੁੰਚੇਗੀ। ਰਸਤੇ ਵਿੱਚ, ਵਿਸ਼ੇਸ਼ ਰੇਲਗੱਡੀ ਢਿੱਲਵਾਂ, ਹਮੀਰਾ, ਕਰਤਾਰਪੁਰ, ਸੁਰਾਨੁੱਸੀ, ਜਲੰਧਰ ਸ਼ਹਿਰ, ਜਲੰਧਰ ਛਾਉਣੀ, ਫਗਵਾੜਾ, ਫਿਲੌਰ, ਲੁਧਿਆਣਾ, ਜਗਰਾਉਂ, ਮੋਗਾ ਅਤੇ ਤਲਵੰਡੀ ਭਾਈ ਰੇਲਵੇ ਸਟੇਸ਼ਨਾਂ 'ਤੇ ਰੁਕੇਗੀ।

---------------------------------------------------------------

UGC ਰਾਸ਼ਟਰੀ ਯੋਗਤਾ ਪ੍ਰੀਖਿਆ (NET) ਦੇ 84 ਵਿਸ਼ਿਆਂ ਲਈ ਨਤੀਜੇ ਐਲਾਨੇ ਗਏ ਨੇ, ਜਿਸ ਵਿੱਚ 4 ਹਜ਼ਾਰ ਤੋਂ ਵੱਧ ਉਮੀਦਵਾਰਾਂ ਨੇ ਜੂਨੀਅਰ ਰਿਸਰਚ ਫੈਲੋਸ਼ਿਪ ਲਈ ਯੋਗਤਾ ਪੂਰੀ ਕੀਤੀ ਏ. ਇੱਕ ਮਾਹਿਰ ਕਮੇਟੀ ਵੱਲੋਂ ਪ੍ਰਸ਼ਨ ਪੱਤਰਾਂ ਵਿੱਚ ਤੱਥਾਂ, ਟਾਈਪੋ-ਗ੍ਰਾਫਿਕਲ, ਅਨੁਵਾਦ ਅਤੇ ਭਾਸ਼ਾ ਨਾਲ ਸਬੰਧਤ ਗਲਤੀਆਂ ਪਾਏ ਜਾਣ ਤੋਂ ਬਾਅਦ, ਰਾਸ਼ਟਰੀ ਟੈਸਟਿੰਗ ਏਜੰਸੀ (NTA) ਨੇ ਇਸ ਸਾਲ ਜੂਨ ਵਿੱਚ ਅੰਗਰੇਜ਼ੀ, ਕਾਮਰ੍ਸ ਅਤੇ ਸਮਾਜ ਸ਼ਾਸਤਰ ਦੇ ਪੇਪਰਾਂ ਲਈ ਬੈਠਣ ਵਾਲੇ ਉਮੀਦਵਾਰਾਂ ਲਈ ਨਵੇਂ ਸਿਰਿਓਂ ਪ੍ਰੀਖਿਆਵਾਂ ਦਾ ਹੁਕਮ ਦਿੱਤਾ ਸੀ. NTA ਨੇ ਪ੍ਰੀਖਿਆ ਤੋਂ ਕਰੀਬ ਦੋ ਮਹੀਨੇ ਬਾਅਦ, 16 ਅਗਸਤ ਨੂੰ UGC-NET ਉੱਤਰ ਕੁੰਜੀ ਜਾਰੀ ਕੀਤੀ, ਜਦੋਂ ਕਿ ਸਮਾਜ ਸ਼ਾਸਤਰ,

ਕਾਮਰ੍ਸ ਅਤੇ ਅੰਗਰੇਜ਼ੀ ਦੇ ਪੇਪਰਾਂ ਬਾਰੇ ਇੱਕ ਵਿਸ਼ੇਸ਼ ਨੋਟਿਸ ਜਾਰੀ ਕੀਤਾ। ਬਾਅਦ ਵਿੱਚ, ਗਲਤੀਆਂ ਦਾ ਹਵਾਲਾ ਦਿੰਦੇ ਹੋਏ, ਉਸੇ ਦਿਨ, ਇਸਨੇ ਐਲਾਨ ਕੀਤਾ ਕਿ ਤਿੰਨੋਂ ਪ੍ਰੀਖਿਆਵਾਂ ਸਤੰਬਰ ਵਿੱਚ ਦੁਬਾਰਾ ਕਰਵਾਈਆਂ ਜਾਣਗੀਆਂ. ਦੁਬਾਰਾ ਪ੍ਰੀਖਿਆਵਾਂ 9 ਅਤੇ 10 ਸਤੰਬਰ ਨੂੰ ਹੋਣੀਆਂ ਨੇ, ਜਿਸ ਲਈ ਉਮੀਦਵਾਰਾਂ ਨੂੰ ਵਾਧੂ ਫੀਸ ਅਦਾ ਕਰਨ ਦੀ ਲੋੜ ਨਹੀਂ ਹੋਵੇਗੀ।

---------------------------------------------------------------

ਖੇਡ ਵਿਭਾਗ ਅਤੇ ਜਿਲ੍ਹਾ ਪ੍ਰਸ਼ਾਸਨ ਫਰੀਦਕੋਟ ਵੱਲੋ ਕੱਲ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੂਰਬ ਨੂੰ ਸਮਰਪਿਤ ਮੈਰਾਥਨ ਕਰਾਈ ਜਾਏਗੀ.ਇਹ ਮੈਰਾਥਨ ਸਵੇਰੇ 7 ਵਜੇ ਸ਼ੁਰੂ ਹੋਏਗੀ. ਇਹ ਮੈਰਾਥਨ ਨਹਿਰੂ ਸਟੇਡੀਅਮ ਫਰੀਦਕੋਟ ਤੋ ਸ਼ੁਰੂ ਹੋ ਕੇ ਮੁੜ ਉਥੇ ਹੀ ਸਮਾਪਤ ਕੀਤੀ ਜਾਵੇਗੀ। ਇਸ ਮੈਰਾਥਨ ਵਿੱਚ ਤਕਰੀਬਨ 700 ਖਿਡਾਰੀ ਹਿਸਾ ਲੈ ਰਹੇ ਨੇ।